ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ
ਐਟ ਪੰ.ਸ.ਸਿੱ.ਬੋਰਡ ਕੰਪਲੈਕਸ, ਫੇਜ਼-VIII, ਐਸ.ਏ.ਐਸ. ਨਗਰ।
(ਕੋਆਰਡੀਨੇਸ਼ਨ ਸ਼ਾਖਾ)
(email. dgsecoordination@punjabeducation.gov.in)

---

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।
2. ਸਮੂਹ ਸਕੂਲ ਮੁਖੀ, ਪੰਜਾਬ।

ਮੀਮੋ ਨੰ. 299689/DPISE-Cord/12/2025 144581, 144682
ਮਿਤੀ: 26-05-2025

ਵਿਸ਼ਾ:- ਪੰਜਾਬ ਰਾਜ ਭਾਸ਼ਾ ਐਕਟ 1967 ਸਮੇਤ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ 2021 ਅਨੁਸਾਰ ਸਾਰਾ ਦਫਤਰੀ ਕੰਮ –ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਕਰਨ ਬਾਰੇ।

ਹਵਾਲਾ:- ਪੰਜਾਬ ਸਰਕਾਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈੱਲ) ਦਾ ਪੱਤਰ ਨੰ: HED-EDUC014/2/2023-4EDUCELL-Part (1)/I/1093556 /2025 ਮਿਤੀ 08.05.2025.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਪੱਤਰ ਵਿੱਚ ਦਰਜ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਨੱਥੀ: ਉਕਤ ਅਨੁਸਾਰ

26.05.25

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱ.ਅੰ. ਨੰ. ਉਕਤ/ 144683-686 ਮਿਤੀ 26-05-2025

ਉਤਾਰਾ ਹੇਠ ਲਿਖਿਆ ਨੂੰ ਹਦਾਇਤਾਂ ਦੀ ਪਾਲਣਾ ਹਿੱਤ ਭੇਜਿਆ ਜਾਦਾ ਹੈ:-

1. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡੀ.ਐਸ.ਈ. (ਸੈ/ਐ), ਪੰਜਾਬ।
2. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਡੀ.ਜੀ.ਐਸ.ਈ. ਪੰਜਾਬ।
3. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਐਸ.ਸੀ.ਈ.ਆਰ.ਟੀ. ਪੰਜਾਬ।
4. ਡਿਪਟੀ ਐਸ.ਪੀ.ਡੀ. (ਪਿਕਟਸ) ਨੂੰ ਹਦਾਇਤਾਂ ਦੇ ਲੜੀ ਨੰ. 3.0 ਦੇ ਸਨਮੁੱਖ ਯੋਗ ਕਾਰਵਾਈ ਕਰਨ ਲਈ ਭੇਜਿਆ ਜਾਂਦਾ ਹੈ।

26.05.25

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

**ਪੰਜਾਬ ਸਰਕਾਰ**

**ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ**

**(ਸਿੱਖਿਆ ਸੈੱਲ)**

ਸੇਵਾ ਵਿਖੇ,

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ/ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ/ਬੋਰਡਾਂ, ਕਾਰਪੋਰੇਸ਼ਨਾਂ ਦੇ ਮੁੱਖੀ,
ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ।

ਮੀਮੋ ਨੰ: HED-EDUC014/2/2023-4EDUCELL-Part(1)/I/1093556/2025
ਮਿਤੀ, ਚੰਡੀਗੜ੍ਹ: 08.05.2025

**ਵਿਸ਼ਾ:-** **ਪੰਜਾਬ ਰਾਜ ਭਾਸ਼ਾ ਐਕਟ 1967 ਸਮੇਤ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ 2021 ਅਨੁਸਾਰ ਸਾਰਾ ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿਚ ਕਰਨ ਬਾਰੇ।**

ਉਪਰੋਕਤ ਵਿਸ਼ੇ ਤੇ ਇਸ ਵਿਭਾਗ ਦੇ ਪੱਤਰ ਨੰ. 6/14/2018-1ਸਿ.ਸੈੱਲ/1312300/1, ਮਿਤੀ 05.09.2018 ਅਤੇ ਪੱਤਰ ਨੰ. 6/14/2018-2ਸਿ.ਸੈੱਲ/1409805/1, ਮਿਤੀ 01.02.2019 ਰਾਹੀਂ ਜਾਰੀ ਕੀਤੀਆਂ ਹਦਾਇਤਾਂ ਦੀ ਲਗਾਤਾਰਤਾ ਵਿਚ।

2.0 ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਰਾਜ ਭਾਸ਼ਾ (ਤਰਮੀਮ) ਐਕਟ-2008 ਵਿਚ ਕੀਤੇ ਉਪਬੰਧਾਂ ਅਨੁਸਾਰ ਪੰਜਾਬ ਰਾਜ ਦੇ ਸਕੱਤਰੇਤ, ਸਮੂਹ ਸਰਕਾਰੀ/ਅਰਧ ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਨਿਗਮਾਂ ਅਤੇ ਵਿੱਦਿਅਕ ਅਦਾਰਿਆਂ ਦੇ ਦਫ਼ਤਰਾਂ ਵਿਚ ਸਮੁੱਚਾ ਦਫ਼ਤਰੀ ਕੰਮ ਪੰਜਾਬੀ ਭਾਸ਼ਾ ਵਿਚ ਕੀਤਾ ਜਾਣਾ ਲਾਜ਼ਮੀ ਹੈ। ਪੰਜਾਬ ਸਰਕਾਰ ਵੱਲੋਂ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਕਰਨ ਲਈ ਸਮੇਂ-ਸਮੇਂ ਤੇ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਰਹੀਆਂ ਹਨ ਪ੍ਰੰਤੂ ਵੇਖਣ ਵਿਚ ਆਇਆ ਹੈ ਕਿ ਇਨ੍ਹਾਂ ਹਦਾਇਤਾਂ ਦੀ ਕਈ ਵਿਭਾਗਾਂ ਵੱਲੋਂ ਪਾਲਣਾ ਨਹੀਂ ਕੀਤੀ ਜਾ ਰਹੀ। ਹਾਲੇ ਵੀ ਕਈ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਆਪਣਾ ਦਫ਼ਤਰੀ ਕੰਮ ਅੰਗਰੇਜ਼ੀ ਭਾਸ਼ਾ ਵਿਚ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

3.0 ਇਸ ਲਈ ਹਵਾਲਾ ਅਧੀਨ ਜਾਰੀ ਹੋਈਆਂ ਹਦਾਇਤਾਂ ਦੇ ਸਨਮੁੱਖ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2008 ਵਿਚ ਕੀਤੇ ਉਪਬੰਧਾਂ ਅਨੁਸਾਰ ਪੰਜਾਬ ਸਰਕਾਰ ਦੇ ਸਮੂਹ ਸਰਕਾਰੀ/ਅਰਧ ਸਰਕਾਰੀ ਦਫ਼ਤਰਾਂ, ਬੋਰਡਾਂ, ਨਿਗਮਾਂ ਕਾਰਪੋਰੇਸ਼ਨਾਂ ਅਤੇ ਵਿੱਦਿਅਕ ਅਦਾਰਿਆਂ ਦੇ ਦਫ਼ਤਰਾਂ ਵਿਚ ਸਮੁੱਚਾ ਦਫ਼ਤਰੀ ਕੰਮ ਪੰਜਾਬੀ ਭਾਸ਼ਾ ਵਿਚ ਕੀਤਾ ਜਾਣਾ ਲਾਜ਼ਮੀ ਬਣਾਇਆ ਜਾਵੇ। ਇਸ ਦੇ ਨਾਲ ਸਮੂਹ ਵਿਭਾਗਾਂ ਦੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ (ਭਾਵ ਦੋਨੋਂ ਭਾਸ਼ਾਵਾਂ) ਵਿਚ ਤਿਆਰ ਕੀਤੀਆਂ ਜਾਣ।

4.0 ਉਕਤ ਹਦਾਇਤਾਂ ਆਪਣੇ ਅਧੀਨ ਆਉਂਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੂੰ ਇੰਨ-ਬਿੰਨ ਪਾਲਣਾ ਕਰਨ ਹਿੱਤ ਭੇਜੀਆਂ ਜਾਣ।

ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ।

ਉਪਰੋਕਤ ਦਾ ਇਕ ਉਤਾਰਾ ਸਮੂਹ ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਵਿਭਾਗਾਂ, ਬੋਰਡਾਂ, ਨਿਗਮਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ ਕਰਮਚਾਰੀਆਂ ਨੂੰ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਹਿਤ ਯੋਗ ਕਦਮ ਚੁੱਕਣ ਦੀ ਕਿਰਪਾਲਤਾ ਕਰਨ।

ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ।

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੰ:ਨੰ: HED-EDUC014/2/2023-4EDUCELL-Part(1)/I/1093556/2025 ਮਿਤੀ, ਚੰਡੀਗੜ੍ਹ: ੮.5. 25

ਪਿ.ਅੰ.ਨੰ: HED-EDUC014/2/2023-4EDUCELL-Part(1)/I/1093556/2025 ਮਿਤੀ, ਚੰਡੀਗੜ੍ਹ: ੮.5.2025

ਉਪਰੋਕਤ ਦਾ ਇਕ ਉਤਾਰਾ ਡਾਇਰੈਕਟਰ, ਭਾਸ਼ਾ ਵਿਭਾਗ ਨੂੰ ਉਨ੍ਹਾਂ ਵੱਲੋਂ ਪ੍ਰਾਪਤ ਅਰਧ ਸਰਕਾਰੀ ਪੱਤਰ ਨੰ: ਪ੍ਰਚਾਲਣ-2025/199 ਮਿਤੀ 07.04.2025 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ 8.5.25